ਰਾਮਕਲੀ ਮਹਲਾ ੧ ਅਸਟਪਦੀਆ ੴ ਸਤਿਗੁਰ ਪ੍ਰਸਾਦਿ ॥ ਸੋਈ ਚੰਦੁ ਚੜਹਿ ਸੇ ਤਾਰੇ ਸੋਈ ਦਿਨੀਅਰੁ ਤਪਤ ਰਹੈ ॥ ਸਾ ਧਰਤੀ ਸੋ ਪਉਣੁ ਝੁਲਾਰੇ ਜੁਗ ਜੀਅ ਖੇਲੇ ਥਾਵ ਕੈਸੇ ॥ ੧॥ ਜੀਵਨ ਤਲਬ ਨਿਵਾਰਿ ॥ ਹੋਵੈ ਪਰਵਾਣਾ ਕਰਹਿ ਧਿਙਾਣਾ ਕਲਿ ਲਖਣ ਵੀਚਾਰਿ ॥ ੧॥ ਰਹਾਉ ॥ ਕਿਤੈ ਦੇਸਿ ਨ ਆਇਆ ਸੁਣੀਐ ਤੀਰਥ ਪਾਸਿ ਨ ਬੈਠਾ ॥ ਦਾਤਾ ਦਾਨੁ ਕਰੇ ਤਹ ਨਾਹੀ ਮਹਲ ਉਸਾਰਿ ਨ ਬੈਠਾ ॥੨॥ ਜੇ ਕੋ ਸਤੁ ਕਰੇ ਸੋ ਛੀਜੈ ਤਪ ਘਰਿ ਤਪੁ ਨ ਹੋਈ ॥ ਜੇ ਕੋ ਨਾਉ ਲਏ ਬਦਨਾਵੀ ਕਲਿ ਕੇ ਲਖਣ ਏਈ ॥ ੩॥ ਜਿਸੁ ਸਿਕਦਾਰੀ ਤਿਸਹਿ ਖੁਆਰੀ ਚਾਕਰ ਕੇਹੇ ਡਰਣਾ ॥ ਜਾ ਸਿਕਦਾਰੈ ਪਵੈ ਜੰਜੀਰੀ ਤਾ ਚਾਕਰ ਹਥਹੁ ਮਰਣਾ ॥ ੪॥ ਆਖੁ ਗੁਣਾ ਕਲਿ ਆਈਐ ॥ ਤਿਹੁ ਜੁਗ ਕੇਰਾ ਰਹਿਆ ਤਪਾਵਸੁ ਜੇ ਗੁਣ ਦੇਹਿ ਤ ਪਾਈਐ ॥ ੧॥ ਰਹਾਉ ॥ ਕਲਿ ਕਲਵਾਲੀ ਸਰਾ ਨਿਬੇੜੀ ਕਾਜੀ ਕ੍ਰਿਸਨਾ ਹੋਆ ॥ ਬਾਣੀ ਬ੍ਰਹਮਾ ਬੇਦੁ ਅਥਰਬਣੁ ਕਰਣੀ ਕੀਰਤਿ ਲਹਿਆ ॥੫॥ ਪਤਿ ਵਿਣੁ ਪੂਜਾ ਸਤ ਵਿਣੁ ਸੰਜਮੁ ਜਤ ਵਿਣੁ ਕਾਹੇ ਜਨੇਊ ॥ ਨਾਵਹੁ ਧੋਵਹੁ ਤਿਲਕੁ ਚੜਾਵਹੁ ਸੁਚ ਵਿਣੁ ਸੋਚ ਨ ਹੋਈ ॥ ੬॥ ਕਲਿ ਪਰਵਾਣੁ ਕਤੇਬ ਕੁਰਾਣੁ ॥ ਪੋਥੀ ਪੰਡਿਤ ਰਹੇ ਪੁਰਾਣ ॥ ਨਾਨਕ ਨਾਉ ਭਇਆ ਰਹਮਾਣੁ ॥ ਕਰਿ ਕਰਤਾ ਤੂ ਏਕੋ ਜਾਣੁ ॥ ੭॥ ਨਾਨਕ ਨਾਮੁ ਮਿਲੈ ਵਡਿਆਈ ਏਦੂ ਉਪਰਿ ਕਰਮੁ ਨਹੀ ॥ ਜੇ ਘਰਿ ਹੋਦੈ ਮੰਗਣਿ ਜਾਈਐ ਫਿਰਿ ਓਲਾਮਾ ਮਿਲੈ ਤਹੀ ॥੮॥੧॥ {ਪੰਨਾ 902-903}

ਪਦਅਰਥ:- ਸੋਈ—ਉਹੀ। ਚੜਹਿ—ਚੜ੍ਹਦੇ ਹਨ। ਦਿਨੀਅਰੁ—{idnkr} ਸੂਰਜ। ਸਾ—ਉਹੀ {ਨੋਟ:- ਪੜਨਾਂਵ 'ਸਾ' ਇਸਤ੍ਰੀ ਲਿੰਗ ਹੈ ਅਤੇ 'ਸੋ' ਪੁਲਿੰਗ ਹੈ}। ਝੁਲਾਰੇ—ਝੁਲਦੀ ਹੈ। ਜੁਗ ਜੀਅ ਖੇਲੇ—ਜੁਗ (ਦਾ ਪ੍ਰਭਾਵ) ਜੀਵਾਂ (ਦੇ ਮਨ) ਵਿਚ ਖੇਡ ਰਿਹਾ ਹੈ। ਥਾਵ ਕੈਸੇ—ਥਾਵਾਂ ਉਤੇ ਕਿਵੇਂ (ਖੇਡ ਸਕਦਾ ਹੈ)? ਨੋਟ:- ਲਫ਼ਜ਼ 'ਥਾਵ' ਲਫ਼ਜ਼ 'ਥਾਉ' ਤੋਂ ਬਹੁ-ਵਚਨ ਹੈ}।1।

ਜੀਵਨ ਤਲਬ—ਜੀਵਨ ਦੀ ਤਲਬ, ਸੁਆਰਥ। ਤਲਬ—ਲੋੜ, ਇੱਛਾ। ਨਿਵਾਰਿ—ਦੂਰ ਕਰ। ਹੋਵੈ ਪਰਵਾਣਾ—(ਨਿਆਂ) ਮੰਨਿਆ ਜਾਂਦਾ ਹੈ। ਧਿਙਾਣਾ—ਜ਼ੋਰ, ਧੱਕਾ, ਜ਼ੁਲਮ। ਲਖਣ—ਲੱਛਣ, ਨਿਸ਼ਾਨੀਆਂ। ਵੀਚਾਰਿ—ਸਮਝ।1। ਰਹਾਉ।

ਕਿਤੈ ਦੇਸਿ—ਕਿਸੇ ਭੀ ਦੇਸ ਵਿਚ। ਤਹ—ਉਥੇ, ਉਸ ਥਾਂ। ਉਸਾਰਿ—ਉਸਾਰ ਕੇ, ਬਣਾ ਕੇ।2।

ਸਤੁ—ਉੱਚਾ ਆਚਰਨ। ਛੀਜੈ—ਛਿੱਜਦਾ ਹੈ, (ਲੋਕਾਂ ਦੀਆਂ ਨਜ਼ਰਾਂ ਵਿਚ) ਡਿੱਗਦਾ ਹੈ। ਤਪ ਘਰਿ—ਤਪ ਦੇ ਘਰ ਵਿਚ, ਜਿਸ ਦੇ ਘਰ ਵਿਚ ਤਪ ਹੈ, ਤਪਸ੍ਵੀ। ਨਾਉ—ਪਰਮਾਤਮਾ ਦਾ ਨਾਮ। ਏਈ—ਇਹੀ (ਹਨ)।3।

ਸਿਕਦਾਰੀ—ਸਰਦਾਰੀ, ਚੌਧਰ। ਖੁਆਰੀ—ਜ਼ਿੱਲਤ, ਦੁਰਗਤਿ। ਕੇਹੇ—ਕਾਹਦੇ ਵਾਸਤੇ? ਸਿਕਦਾਰੈ—ਸਿਕਦਾਰ ਨੂੰ।4।

ਆਖੁ ਗੁਣਾ—(ਪਰਮਾਤਮਾ ਦੇ) ਗੁਣ ਆਖ। ਕਲਿ ਆਈਐ—(ਜੇ) ਕਲਿਜੁਗ (ਭੀ) ਆਇਆ ਮੰਨ ਲਿਆ ਜਾਏ। ਕੇਰਾ—ਦਾ। ਤਿਹੁ ਜੁਗ ਕੇਰਾ—ਤਿੰਨਾਂ ਹੀ ਜੁਗਾਂ ਦਾ। ਰਹਿਆ—ਰਹਿ ਗਿਆ ਹੈ, ਮੁੱਕ ਗਿਆ ਹੈ। ਤਪਾਵਸੁ—ਨਿਆਂ, ਪ੍ਰਭਾਵ। ਦੇਹਿ—(ਹੇ ਪ੍ਰਭੂ!) ਤੂੰ ਦੇਵੇਂ। ਤ ਪਾਈਐ—ਤਾਂ (ਇਹ ਗੁਣ ਹੀ) ਪ੍ਰਾਪਤ ਕਰਨ ਜੋਗ ਹਨ।1। ਰਹਾਉ।

ਕਲਿ—(ਇਹੀ) ਕਲਜੁਗ (ਹੈ)। ਕਲ ਵਾਲੀ—ਕਲਹ ਵਾਲੀ, ਝਗੜੇ ਵਧਾਣ ਵਾਲੀ। ਸਰਾ—ਸ਼ਰਹ, ਧਾਰਮਕ ਕਾਨੂੰਨ। ਨਿਬੇੜੀ—ਨਿਬੇੜਾ ਕਰਨ ਵਾਲੀ, ਫ਼ੈਸਲਾ ਦੇਣ ਵਾਲੀ, ਨਿਆਂ ਕਰਨ ਵਾਲੀ। ਕਾਜੀ—ਝਗੜਿਆਂ ਦੇ ਫ਼ੈਸਲੇ ਕਰਨ ਵਾਲਾ ਹਾਕਮ। ਕ੍ਰਿਸ਼ਨਾ—ਕਾਲਾ, ਕਾਲੇ ਦਿਲ ਵਾਲਾ, ਵੱਢੀ-ਖ਼ੋਰ। ਕਰਣੀ—ਉੱਚਾ ਆਚਰਨ।

ਕੀਰਤਿ—ਪਰਮਾਤਮਾ ਦੀ ਸਿਫ਼ਤਿ-ਸਾਲਾਹ। ਲਹਿਆ—(ਲੋਕਾਂ ਦੇ ਮਨਾਂ ਤੋਂ) ਲਹਿ ਗਏ ਹਨ।5।

ਪੂਜਾ—ਦੇਵ-ਪੂਜਾ, ਦੇਵਤਿਆਂ ਦੀ ਪੂਜਾ। ਪਤਿ—ਪ੍ਰਭੂ-ਪਤੀ। ਸਤ—ਉੱਚਾ ਆਚਰਨ। ਸੰਜਮੁ—ਇੰਦ੍ਰਿਆਂ ਨੂੰ ਰੋਕਣ ਦਾ ਜਤਨ। ਜਤ—ਕਾਮ-ਵਾਸਨਾ ਨੂੰ ਰੋਕਣਾ। ਕਾਹੇ—ਕੀਹ ਲਾਭ? ਵਿਅਰਥ। ਸੁਚ—ਪਵਿਤ੍ਰਤਾ।6।

ਕਲਿ—ਇਹ ਹੈ ਕਲਿਜੁਗ। ਪਰਵਾਣੁ—(ਜੇਹੜੇ "ਧਿਙਾਣਾ ਕਰਹਿ" ਉਹਨਾਂ ਦੇ ਦਬਾਉ ਹੇਠ) ਮੰਨੇ ਜਾ ਰਹੇ ਹਨ। ਰਹੇ—ਰਹਿ ਗਏ ਹਨ।7।

ਏਦੂ ਉਪਰਿ—ਇਸ ਤੋਂ ਸ੍ਰੇਸ਼ਟ। ਓਲਾਮਾ—ਗਿਲਾ, ਸ਼ਰਮ-ਸਾਰੀ। ਤਹੀ—ਉਥੇ।8।

ਅਰਥ:- (ਹੇ ਪੰਡਿਤ! ਆਪਣੇ ਮਨ ਵਿਚੋਂ) ਖ਼ੁਦ-ਗ਼ਰਜ਼ੀ ਦੂਰ ਕਰ (ਇਹ ਖ਼ੁਦ-ਗ਼ਰਜ਼ੀ ਕਲਿਜੁਗ ਹੈ। ਇਸ ਖ਼ੁਦ-ਗ਼ਰਜ਼ੀ ਦੇ ਅਸਰ ਹੇਠ ਜਰਵਾਣੇ ਲੋਕ ਕਮਜ਼ੋਰਾਂ ਉਤੇ) ਧੱਕਾ ਕਰਦੇ ਹਨ ਤੇ (ਉਹਨਾਂ ਦੀਆਂ ਨਜ਼ਰਾਂ ਵਿਚ) ਇਹ ਧੱਕਾ ਜਾਇਜ਼ ਸਮਝਿਆ ਜਾਂਦਾ ਹੈ। ਖ਼ੁਦ-ਗ਼ਰਜ਼ੀ ਤੇ ਦੂਜਿਆਂ ਉਤੇ ਧੱਕਾ—ਹੇ ਪੰਡਿਤ! ਇਹਨਾਂ ਨੂੰ) ਕਲਿਜੁਗ ਦੇ ਲੱਛਣ ਸਮਝ।1। ਰਹਾਉ।

(ਜਿਸ ਅਸਲ ਕਲਿਜੁਗ ਦਾ ਜ਼ਿਕਰ ਅਸਾਂ ਕੀਤਾ ਹੈ ਉਸ) ਕਲਿਜੁਗ ਦਾ ਪ੍ਰਭਾਵ ਹੀ ਜੀਵਾਂ ਦੇ ਮਨਾਂ ਵਿਚ (ਖੇਡਾਂ) ਖੇਡਦਾ ਹੈ ਕਿਸੇ ਖ਼ਾਸ ਥਾਵਾਂ ਵਿਚ ਨਹੀਂ ਖੇਡ ਸਕਦਾ (ਕਿਉਂਕਿ ਸਤਜੁਗ ਤ੍ਰੇਤਾ ਦੁਆਪੁਰ ਆਦਿਕ ਸਾਰੇ ਹੀ ਸਮਿਆਂ ਵਿਚ) ਉਹੀ ਚੰਦ੍ਰਮਾ ਚੜ੍ਹਦਾ ਆਇਆ ਹੈ, ਉਹੀ ਤਾਰੇ ਚੜ੍ਹਦੇ ਆ ਰਹੇ ਹਨ, ਉਹੀ ਸੂਰਜ ਚਮਕਦਾ ਆ ਰਿਹਾ ਹੈ, ਉਹੀ ਧਰਤੀ ਹੈ ਤੇ ਉਹੀ ਹਵਾ ਝੁਲਦੀ ਆ ਰਹੀ ਹੈ।1।

ਕਿਸੇ ਨੇ ਕਦੇ ਨਹੀਂ ਸੁਣਿਆ ਕਿ ਕਲਿਜੁਗ ਕਿਸੇ ਖ਼ਾਸ ਦੇਸ ਵਿਚ ਆਇਆ ਹੋਇਆ ਹੈ, ਕਿਸੇ ਖ਼ਾਸ ਤੀਰਥ ਕੋਲ ਬੈਠਾ ਹੋਇਆ ਹੈ। ਜਿਥੇ ਕੋਈ ਦਾਨੀ ਦਾਨ ਕਰਦਾ ਹੈ ਉਥੇ ਭੀ ਬੈਠਾ ਹੋਇਆ ਕਿਸੇ ਨਹੀਂ ਸੁਣਿਆ, ਕਿਸੇ ਥਾਂ ਕਲਿਜੁਗ ਮਹਲ ਉਸਾਰ ਕੇ ਨਹੀਂ ਬੈਠ ਰਿਹਾ।2।

ਜੇ ਕੋਈ ਮਨੁੱਖ ਆਪਣਾ ਆਚਰਨ ਉੱਚਾ ਬਣਾਂਦਾ ਹੈ ਤਾਂ ਉਹ (ਸਗੋਂ ਲੋਕਾਂ ਦੀਆਂ ਨਜ਼ਰਾਂ ਵਿਚ) ਡਿੱਗਦਾ ਹੈ, ਜੇ ਕੋਈ ਤਪੀ ਹੋਣ ਦਾ ਦਾਹਵਾ ਕਰਦਾ ਹੈ ਤਾਂ ਉਸ ਦੇ ਇੰਦ੍ਰੇ ਆਪਣੇ ਵੱਸ ਵਿਚ ਨਹੀਂ ਹਨ, ਜੇ ਜੋਈ ਪਰਮਾਤਮਾ ਦਾ ਨਾਮ ਸਿਮਰਦਾ ਹੈ ਤਾਂ (ਲੋਕਾਂ ਵਿਚ ਸਗੋਂ ਉਸ ਦੀ) ਬਦਨਾਮੀ ਹੁੰਦੀ ਹੈ। (ਹੇ ਪੰਡਿਤ! ਭੈੜਾ ਆਚਰਨ, ਇੰਦ੍ਰੇ ਵੱਸ ਵਿਚ ਨਾਹ ਹੋਣੇ, ਪ੍ਰਭੂ-ਨਾਮ ਵੱਲੋਂ ਨਫ਼ਰਤ—) ਇਹ ਹਨ ਕਲਿਜੁਗ ਦੇ ਲੱਛਣ।3।

(ਪਰ ਇਹ ਖ਼ੁਦ-ਗ਼ਰਜ਼ੀ ਤੇ ਕਮਜ਼ੋਰਾਂ ਉਤੇ ਧੱਕਾ ਸੁਖੀ ਜੀਵਨ ਦਾ ਰਸਤਾ ਨਹੀਂ) ਜਿਸ ਮਨੁੱਖ ਨੂੰ ਦੂਜਿਆਂ ਉਤੇ ਸਰਦਾਰੀ ਮਿਲਦੀ ਹੈ (ਤੇ ਉਹ ਕਮਜ਼ੋਰਾਂ ਉਤੇ ਧੱਕਾ ਕਰਦਾ ਹੈ) ਉਸ ਦੀ ਹੀ (ਇਸ ਧੱਕੇ-ਜ਼ੁਲਮ ਦੇ ਕਾਰਨ ਆਖ਼ਰ) ਦੁਰਗਤਿ ਹੁੰਦੀ ਹੈ। ਨੌਕਰਾਂ ਨੂੰ (ਉਸ ਦੁਰਗਤਿ ਤੋਂ ਕੋਈ) ਖ਼ਤਰਾ ਨਹੀਂ ਹੁੰਦਾ। ਜਦੋਂ ਉਸ ਸਰਦਾਰ ਦੇ ਗਲ ਵਿਚ ਫਾਹਾ ਪੈਂਦਾ ਹੈ, ਤਾਂ ਉਹ ਉਹਨਾਂ ਨੌਕਰਾਂ ਦੇ ਹੱਥੋਂ ਹੀ ਮਰਦਾ ਹੈ।4।

(ਹੇ ਪੰਡਿਤ! ਤੇਰੇ ਕਹਿਣ ਅਨੁਸਾਰ ਜੇ ਹੁਣ) ਕਲਿਜੁਗ ਦਾ ਸਮਾ ਹੀ ਆ ਗਿਆ ਹੈ (ਤਾਂ ਭੀ ਤੀਰਥ ਵਰਤ ਆਦਿਕ ਕਰਮ ਕਾਂਡ ਦਾ ਰਸਤਾ ਛੱਡ ਕੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰ (ਕਿਉਂਕਿ ਤੇਰੇ ਧਰਮ ਸ਼ਾਸਤ੍ਰਾਂ ਅਨੁਸਾਰ ਕਲਿਜੁਗ ਵਿਚ ਸਿਫ਼ਤਿ-ਸਾਲਾਹ ਹੀ ਪਰਵਾਨ ਹੈ, ਤੇ) ਪਹਿਲੇ ਤਿੰਨ ਜੁਗਾਂ ਦਾ ਪ੍ਰਭਾਵ ਹੁਣ ਮੁੱਕ ਚੁਕਾ ਹੈ। (ਸੋ, ਹੇ ਪੰਡਿਤ! ਪਰਮਾਤਮਾ ਅਗੇ ਇਉਂ ਅਰਜ਼ੋਈ ਕਰ—ਹੇ ਪ੍ਰਭੂ! ਜੇ ਬਖ਼ਸ਼ਸ਼ ਕਰਨੀ ਹੈ ਤਾਂ ਆਪਣੇ) ਗੁਣਾਂ ਦੀ ਬਖ਼ਸ਼ਸ਼ ਕਰ, ਇਹ ਹੀ ਪ੍ਰਾਪਤ ਕਰਨ-ਜੋਗ ਹੈ।1। ਰਹਾਉ।

(ਹੇ ਪੰਡਿਤ) ਕਲਿਜੁਗ ਇਹ ਹੈ (ਕਿ ਮੁਸਲਮਾਨੀ ਹਕੂਮਤ ਵਿਚ ਧੱਕੇ-ਜ਼ੋਰ ਨਾਲ) ਝਗੜੇ ਵਧਾਣ ਵਾਲਾ ਇਸਲਾਮੀ ਕਾਨੂੰਨ ਹੀ ਫ਼ੈਸਲੇ ਕਰਨ ਵਾਲਾ ਬਣਿਆ ਹੋਇਆ ਹੈ, ਤੇ ਨਿਆਂ ਕਰਨ ਵਾਲਾ ਕਾਜ਼ੀ-ਹਾਕਮ ਵੱਢੀ-ਖ਼ੋਰ ਹੋ ਚੁਕਾ ਹੈ। ਜਾਦੂ ਟੂਣਿਆਂ ਦਾ ਪਰਚਾਰਕ) ਅਥਰਬਣ ਵੇਦ ਬ੍ਰਹਮਾ ਦੀ ਬਾਣੀ ਪ੍ਰਧਾਨ ਹੈ। ਉੱਚਾ ਆਚਰਨ ਤੇ ਸਿਫ਼ਤਿ-ਸਾਲਾਹ ਲੋਕਾਂ ਦੇ ਮਨਾਂ ਤੋਂ ਲਹਿ ਗਏ ਹਨ—ਇਹੀ ਹੈ ਕਲਿਜੁਗ।5।

ਪਤੀ-ਪਰਮਾਤਮਾ ਨੂੰ ਵਿਸਾਰ ਕੇ ਇਹ ਦੇਵ-ਪੂਜਾ ਕਿਸ ਅਰਥ? ਉੱਚੇ ਆਚਰਨ ਤੋਂ ਖ਼ਾਲੀ ਰਹਿ ਕੇ ਇਸ ਸੰਜਮ ਦਾ ਕੀਹ ਲਾਭ? ਜੇ ਵਿਚਾਰਾਂ ਵਲੋਂ ਰੋਕ-ਥੰਮ ਨਹੀਂ ਤਾਂ ਜਨੇਊ ਕੀਹ ਸੰਵਾਰਦਾ ਹੈ? (ਹੇ ਪੰਡਿਤ!) ਤੁਸੀ (ਤੀਰਥਾਂ ਤੇ) ਇਸ਼ਨਾਨ ਕਰਦੇ ਹੋ, (ਸਰੀਰ ਮਲ ਮਲ ਕੇ) ਧੋਂਦੇ ਹੋ, (ਮੱਥੇ ਉਤੇ) ਤਿਲਕ ਲਾਂਦੇ ਹੋ (ਤੇ ਇਸ ਨੂੰ ਪਵਿਤ੍ਰ ਕਰਮ ਸਮਝਦੇ ਹੋ), ਪਰ ਪਵਿਤ੍ਰ ਆਚਰਨ ਤੋਂ ਬਿਨਾ ਇਹ ਬਾਹਰਲੀ ਪਵਿਤ੍ਰਤਾ ਕੋਈ ਮੁੱਲ ਨਹੀਂ ਰੱਖਦੀ। (ਅਸਲ ਵਿਚ ਇਹ ਭੁਲੇਖਾ ਭੀ ਕਲਿਜੁਗ ਹੀ ਹੈ)।6।

(ਇਸਲਾਮੀ ਹਕੂਮਤ ਦੇ ਧੱਕੇ ਜ਼ੋਰ ਦੇ ਹੇਠ) ਸ਼ਾਮੀ ਕਿਤਾਬਾਂ ਤੇ ਕੁਰਾਨ ਨੂੰ ਪ੍ਰਵਾਨਗੀ ਦਿੱਤੀ ਜਾ ਰਹੀ ਹੈ, ਪੰਡਿਤਾਂ ਦੀਆਂ ਪੁਰਾਣ ਆਦਿਕ ਪੁਸਤਕਾਂ ਰਹਿ ਗਈਆਂ ਹਨ। ਹੇ ਨਾਨਕ! (ਇਸ ਜ਼ੋਰ ਧੱਕੇ ਹੇਠ ਹੀ) ਪਰਮਾਤਮਾ ਦਾ ਨਾਮ 'ਰਹਮਾਨ' ਆਖਿਆ ਜਾ ਰਿਹਾ ਹੈ—ਇਹ ਭੀ, ਹੇ ਪੰਡਿਤ! ਕਲਿਜੁਗ (ਦਾ ਲੱਛਣ) ਹੈ (ਕਿਸੇ ਦੇ ਧਾਰਮਿਕ ਵਿਸ਼ਵਾਸ ਨੂੰ ਧੱਕੇ ਜ਼ੋਰ ਨਾਲ 'ਧਿਙਾਣੇ' ਨਾਲ ਦਬਾਣਾ ਕਲਿਜੁਗ ਦਾ ਪ੍ਰਭਾਵ ਹੈ)। ਹੇ ਪੰਡਿਤ! ਹਰ ਇਕੋ ਕਰਤਾਰ ਹੈ ਹੀ ਇਹ ਸਭ ਕੁਝ ਕਰਨ ਵਾਲਾ ਜਾਣ।7।

ਹੇ ਨਾਨਕ! ਜੋ ਮਨੁੱਖ ਪਰਮਾਤਮਾ ਦਾ ਨਾਮ ਜਪਦਾ ਹੈ ਉਸ ਨੂੰ (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ, ਨਾਮ ਜਪਣ ਤੋਂ ਵਧੀਕ ਚੰਗਾ ਹੋਰ ਕੋਈ ਕਰਮ ਨਹੀਂ ਹੈ (ਪੰਡਿਤ ਤੀਰਥ ਵਰਤ ਆਦਿਕ ਕਰਮਾਂ ਨੂੰ ਹੀ ਸਲਾਹੁੰਦਾ ਰਹਿੰਦਾ ਹੈ)। (ਪਰਮਾਤਮਾ ਹਰੇਕ ਦੇ ਹਿਰਦੇ ਵਿਚ ਵੱਸਦਾ ਹੈ, ਉਸ ਦਾ ਨਾਮ ਭੁਲਾਇਆਂ ਇਹ ਸੂਝ ਨਹੀਂ ਰਹਿੰਦੀ ਤੇ ਮਨੁੱਖ ਹੋਰ ਹੋਰ ਆਸਰੇ ਤੱਕਦਾ ਫਿਰਦਾ ਹੈ) ਪਰਮਾਤਮਾ ਦਾਤਾਰ ਹਿਰਦੇ-ਘਰ ਵਿਚ ਹੋਵੇ ਤੇ ਭੁੱਲੜ ਜੀਵ ਬਾਹਰ ਦੇਵੀ ਦੇਵਤਿਆਂ ਆਦਿਕ ਤੋਂ ਮੰਗਦਾ ਫਿਰੇ, ਇਹ ਦੋਸ਼ ਜੀਵ ਦੇ ਸਿਰ ਆਉਂਦਾ ਹੈ।8।1।